# ਆਓ ਰਲ-ਮਿਲ ਕੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਪ੍ਰਣ ਕਰੀਏ

ਫ਼ਾਜ਼ਿਲਕਾ- ਦੀਵਾਲੀ ਅਤੇ ਬੰਦੀਛੋੜ ਦਾ ਤਿਉਹਾਰ ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਲੋਕ ਆਪਣੇ-ਆਪਣੇ ਤਰੀਕਿਆਂ ਤੇ ਸ਼ਰਧਾ ਨਾਲ ਮਨਾਉਂਦੇ ਹਨ। ਪੰਜਾਬ ਦੇ ਅੰਦਰ ਇਹ ਤਿਉਹਾਰ ਸੂਬੇ ਦੇ ਸਾਰੇ ਵਰਗਾਂ ਦੇ ਲੋਕ ਆਪਣੇ ਧਰਮ ਦੀ ਮਹੱਤਤਾ ਨੂੰ ਲੈ ਕੇ ਇਕ-ਦੂਸਰੇ ਨੂੰ ਵਧਾਈ ਦਿੰਦੇ ਹਨ ਅਤੇ ਮੂੰਹ ਮਿੱਠਾ ਕਰਵਾਉਂਦੇ ਹਨ। ਆਓ ਫ਼ਾਜ਼ਿਲਕਾ ਤੇ ਫ਼ਿਰੋਜ਼ਪੁਰ ਜ਼ਿਲ੍ਹਿਆਂ ਸਿਵਲ ਅਤੇ ਪੁਲਿਸ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਦਿੱਤੇ ਸੰਦੇਸ਼ ਨੂੰ ਜਾਣੀਏ

**ਤਿਉਹਾਰ ਸਾਡੀਆਂ ਭਾਈਚਾਰਕ ਸਾਂਝਾਂ ਨੂੰ ਹੋਰ ਮਜ਼ਬੂਤ ਕਰਦੇ ਹਨ-ਏ.ਡੀ.ਸੀ. ਮਨਦੀਪ ਕੌਰ**



ਫ਼ਾਜ਼ਿਲਕਾ ਦੇ ਏ.ਡੀ.ਸੀ. ਮਨਦੀਪ ਕੌਰ ਨੇ ਦੀਵਾਲੀ 'ਤੇ ਬੰਦੀਛੋੜ ਦੇ ਤਿਉਹਾਰ ਦੀਆਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੀ ਚੜ੍ਹਦੀ ਕਲਾ ਦੀ ਕਾਮਨਾ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਤਿਉਹਾਰ ਸਾਨੂੰ ਆਪਸ ਵਿਚ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ਜਿਸ ਨਾਲ ਸਾਡੀਆਂ ਸਦੀਆਂ ਤੋਂ ਚੱਲੀ ਆ ਰਹੀ ਭਾਈਚਾਰਕ ਸਾਂਝ ਦੀਆਂ ਤੰਦਾਂ ਹੋਰ ਮਜ਼ਬੂਤ ਹੋਣ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਾਨੂੰ ਮਨਾਂ ਦੀ ਕੁੜੱਤਣ ਕੱਢਣ ਦਾ ਉਪਦੇਸ਼ ਵੀ ਦਿੰਦੇ ਹਨ। ਉਨ੍ਹਾਂ ਅਜਿਹੇ ਤਿਉਹਾਰਾਂ ਮੌਕੇ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਵਾਤਾਵਰਨ ਦੂਸ਼ਿਤ ਹੋਣ ਤੋਂ ਬਚਾਉਣ ਲਈ ਸਾਨੂੰ ਧੂੰਆਂ ਰਹਿਤ ਪਟਾਕੇ ਚਲਾਉਣੇ ਚਾਹੀਦੇ ਹਨ ਤਾਂ ਜੋ ਗੰਧਲੇ ਹੋ ਰਹੇ ਵਾਤਾਵਰਨ ਨੂੰ ਬਚਾਇਆ ਜਾ ਸਕੇ।

**ਤਿਉਹਾਰਾਂ ਮੌਕੇ ਪਟਾਕਿਆਂ 'ਤੇ ਫ਼ਿਜ਼ੂਲ ਖ਼ਰਚੇ ਕਰੀਏ-ਐੱਸ.ਡੀ.ਐਮ. ਵੀਰਪਾਲ ਕੌਰ**



ਐੱਸ.ਡੀ.ਐਮ. ਫ਼ਾਜ਼ਿਲਕਾ ਵੀਰਪਾਲ ਕੌਰ ਨੇ ਲੋਕਾਂ ਨੂੰ ਵਧਾਈ ਸੰਦੇਸ਼ ਦਿੰਦਿਆਂ ਤਿਉਹਾਰਾਂ ਦੇ ਮਹੱਤਵ ਨੂੰ ਸਮਝਦਿਆਂ ਇਹ ਤਿਉਹਾਰ ਆਪਸੀ ਪ੍ਰੇਮ ਪਿਆਰ ਨਾਲ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਪਛੜੀ ਸੱਭਿਆਚਾਰ ਨੇ ਸਾਡੇ ਤਿਉਹਾਰਾਂ ਨੇ ਵੀ ਕਈ ਰੰਗਾਂ ਨੂੰ ਫਿੱਕਾ ਕੀਤਾ ਹੈ ਤੇ ਸਾਨੂੰ ਆਪਣਾ ਵਿਰਸਾ ਸੰਭਾਲਦਿਆਂ ਆਪਣੇ ਪੁਰਾਤਨ ਸੱਭਿਆਚਾਰ ਨੂੰ ਕਾਇਮ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਤਿਉਹਾਰਾਂ ਮੌਕੇ ਲੋਕ ਲੱਖਾਂ ਰੁਪਏ ਦੇ ਪਟਾਕੇ ਫ਼ੂਕ ਦਿੰਦੇ ਹਨ ਜਿਸ ਨਾਲ ਵਾਤਾਵਰਨ ਦੂਸ਼ਿਤ ਹੁੰਦਾ ਹੈ। ਚੰਗਾ ਹੋਵੇ ਜੇ ਅਸੀਂ ਅਜਾਈਂ ਜਾਂਦੇ ਪੈਸੇ ਦੀ ਵਰਤੋਂ ਲੋੜਵੰਦ ਵਿਦਿਆਰਥੀਆਂ ਲਈ ਕਰੀਏ ਜਿਸ ਨਾਲ ਉਹ ਪੜ੍ਹ ਲਿਖ ਕੇ ਜਿੱਥੇ ਆਪਣਾ ਪਰਿਵਾਰ ਪਾਲਨਗੇ ਉੱਥੇ ਹੀ ਚੰਗੇ ਸਮਾਜ ਦੀ ਸਿਰਜਨਾ ਵੱਲ ਵਧਾਂਗੇ।

**ਤਿਉਹਾਰਾਂ ਤੋਂ ਸਾਨੂੰ ਸੇਧ ਲੈ ਕੇ ਚੰਗੇ ਕੰਮਾਂ ਵੱਲ ਵਧਣਾ ਚਾਹੀਦਾ ਹੈ- ਜਾਖੜ**



ਫ਼ਾਜ਼ਿਲਕਾ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਉਪਕਾਰ ਸਿੰਘ ਜਾਖੜ ਨੇ ਦੀਵਾਲੀ 'ਤੇ ਬੰਦੀਛੋੜ ਦਿਹਾੜੇ ਮੌਕੇ ਸਮੂਹ ਪੰਜਾਬੀਆਂ ਨੂੰ ਵਧਾਈ ਸੰਦੇਸ਼ ਦਿੰਦਿਆਂ ਆਪਸੀ ਏਕਤਾ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ। ਸ੍ਰੀ ਜਾਖੜ ਨੇ ਕਿਹਾ ਕਿ ਜਿਸ ਤਰ੍ਹਾਂ ਬੰਦੀਛੋੜ ਤੇ ਦੀਵਾਲੀ ਮਨਾਉਣ ਦਾ ਪੁਰਾਤਨ ਇਤਿਹਾਸ ਹੈ ਉਸ ਤੋਂ ਸਾਨੂੰ ਸੇਧ ਲੈਣੀ ਚਾਹੀਦੀ ਹੈ। ਗੁਰੂ ਸਾਹਿਬ ਨੇ ਗਵਾਲੀਅਰ ਦੇ ਕਿਲ੍ਹੇ 'ਚੋਂ ਪਹਾੜੀ ਰਾਜਿਆਂ ਨੂੰ ਰਿਹਾਅ ਕਰਵਾ ਕੇ ਇਕ ਪਰਉਪਕਾਰੀ ਕੰਮ ਕੀਤਾ। ਦੀਵਾਲੀ ਦਾ ਤਿਉਹਾਰ ਸਮਾਜ ਵਿਚ ਆਪਣਾ ਵਿਸ਼ੇਸ਼ ਮਹੱਤਵ ਰੱਖਦਾ ਹੈ। ਸਾਨੂੰ ਇਨ੍ਹਾਂ ਤਿਉਹਾਰਾਂ ਮੌਕੇ ਚੰਗੇ ਕੰਮ ਕਰਨੇ ਚਾਹੀਦੇ ਹਨ। ਬੁਰਾਈ ਨੂੰ ਛੱਡ ਕੇ ਸਚਾਈ ਵੱਲ ਤੁਰਨਾ ਚਾਹੀਦਾ ਹੈ ਤਾਂ ਹੀ ਇਨ੍ਹਾਂ ਤਿਉਹਾਰਾਂ ਤੋਂ ਆਉਣ ਵਾਲੀ ਸਾਡੀ ਪੀੜ੍ਹੀ ਚੰਗੀ ਸੇਧ ਲਵੇਗੀ। ਉਨ੍ਹਾਂ ਵਾਤਾਵਰਨ ਦੀ ਸ਼ੁੱਧਤਾ ਵੱਲ ਵੀ ਵਿਸ਼ੇਸ਼ ਧਿਆਨ ਰੱਖਣ ਲਈ ਪ੍ਰੇਰਿਤ ਕੀਤਾ।

**ਤਿਉਹਾਰ ਸਾਨੂੰ ਮਨੁੱਖਤਾ ਦੀ ਸੇਵਾ ਕਰਨ ਦਾ ਉਦੇਸ਼ ਦਿੰਦੇ ਹਨ- ਕੌਂਸਲਰ ਪੂਜਾ ਲੂਥਰਾ**



ਫ਼ਾਜ਼ਿਲਕਾ ਇਲਾਕੇ ਅੰਦਰ ਸਮਾਜਸੇਵੀ ਕੰਮਾਂ ਨੂੰ ਸਮਰਪਿਤ ਕੌਂਸਲਰ ਪੂਜਾ ਲੂਥਰਾ ਨੇ ਦੀਵਾਲੀ ਅਤੇ ਬੰਦੀਛੋੜ ਦੇ ਤਿਉਹਾਰ ਦੀਆਂ ਸਮੂਹ ਇਲਾਕਾ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ ਹੈ। ਉਨ੍ਹਾਂ ਕਿਹਾ ਕਿ ਤਿਉਹਾਰ ਸਾਨੂੰ ਮਨੁੱਖਤਾ ਦੀ ਸੇਵਾ ਕਰਨ ਦਾ ਉਪਦੇਸ਼ ਦਿੰਦੇ ਹਨ। ਸਾਨੂੰ ਇਨ੍ਹਾਂ ਉਪਦੇਸ਼ਾਂ 'ਤੇ ਚੱਲਦਿਆਂ ਸਮਾਜ ਅੰਦਰ ਵੱਧ ਤੋਂ ਵੱਧ ਲੋਕ ਸੇਵਾ ਵੱਲ ਅੱਗੇ ਵਧਣਾ ਚਾਹੀਦਾ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਸਾਨੂੰ ਆਪਣੀਆਂ ਜ਼ਿੰਮੇਵਾਰੀਆਂ ਤੋਂ ਵੀ ਬੇਮੁਖ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸਮਾਜ ਅੰਦਰ ਲੋਕ ਸੇਵਾ ਕਰਨ ਵਾਲੇ ਵਿਅਕਤੀ ਨੂੰ ਜਿੱਥੇ ਮਾਨਸਿਕ ਸ਼ਾਂਤੀ ਮਿਲਦੀ ਹੈ ਉੱਥੇ ਹੀ ਸਮਾਜ ਅੰਦਰ ਆਪਣੀ ਦਿੱਖ ਵੀ ਨਿਖਾਰਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਪਟਾਕਿਆਂ ਵਰਗੇ ਫ਼ਜ਼ੂਲ ਖ਼ਰਚ ਤੋਂ ਨਿਕਲ ਕੇ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਤੇ ਉਨ੍ਹਾਂ ਦੀ ਸੰਭਾਲ ਕਰਨੀ ਚਾਹੀਦੀ ਹੈ ਜਿਸ ਨਾਲ ਭਵਿੱਖ ਦੀ ਜਵਾਨੀ ਨੂੰ ਲਾਭ ਮਿਲੇਗਾ।

**ਪੇਸ਼ਕਸ਼- ਦਵਿੰਦਰ ਪਾਲ ਸਿੰਘ ਜ਼ਿਲ੍ਹਾ ਇੰਚਾਰਜ ਫ਼ਾਜ਼ਿਲਕਾ, ਫ਼ਿਰੋਜ਼ਪੁਰ।**



ਨਗਰ ਕੀਰਤਨ ਦੀ ਅਗਵਾਈ ਕਰਦੇ ਪੰਜ ਪਿਆਰੇ ਤੇ ਗਤਕੇ ਦੇ ਜੌਹਰ ਦਿਖਾਉਂਦੀ ਅਕੈਡਮੀ ਦੀ ਟੀਮ। ਤਸਵੀਰ-ਕਪਿਲ ਕੰਧਾਰੀ

# ਨਗਰ ਕੀਰਤਨ ਸਜਾਇਆ

ਗੁਰੂਹਰਸਹਾਏ, 19 ਅਕਤੂਬਰ (ਕਪਿਲ ਕੰਧਾਰੀ)- ਸ੍ਰੀ ਮੁਕਤਸਰ ਸਾਹਿਬ ਰੋਡ 'ਤੇ ਸਥਿਤ ਗੁਰਦੁਆਰਾ ਸਾਹਿਬ ਬਾਬਾ ਵਿਸ਼ਵਕਰਮਾ ਜੀ ਪ੍ਰਬੰਧਕ ਕਮੇਟੀ ਵਲੋਂ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਬਾਬਾ ਵਿਸ਼ਵਕਰਮਾ ਦਿਵਸ ਨੂੰ ਮੁੱਖ ਰੱਖਦਿਆਂ ਹੋਇਆ ਨਗਰ ਕੀਰਤਨ ਸਜਾਇਆ ਗਿਆ। ਕਮੇਟੀ ਮੈਂਬਰਾਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸ਼ਵਕਰਮਾ ਦਿਵਸ ਨੂੰ ਮੁੱਖ ਰੱਖਦਿਆਂ ਹੋਇਆ ਗੁਰਦੁਆਰਾ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ ਜੋ ਕਿ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਪੂਰੇ ਸ਼ਹਿਰ ਦੀ ਪਰਿਕਰਮਾ ਕਰਦੇ ਵਾਪਸ ਗੁਰਦੁਆਰਾ ਸਾਹਿਬ ਜਾ ਕੇ ਸੰਪੂਰਨ ਹੋਇਆ। ਇਸ ਦੌਰਾਨ ਸ਼ਬਦ ਗਾਇਣ ਵੀ ਕੀਤਾ ਗਿਆ। ਇਸ ਮੌਕੇ ਹੁਕਮ ਸਿੰਘ ਪ੍ਰਧਾਨ, ਮੀਤ ਪ੍ਰਧਾਨ ਕਾਲਾ ਸਿੰਘ, ਬਲਵੀਰ, ਜਸਵਿੰਦਰ ਸਿੰਘ ਮੀਤ ਪ੍ਰਧਾਨ, ਸਾਧੂ ਸਿੰਘ ਖ਼ਜ਼ਾਨਚੀ, ਗੁਰਚਰਨ ਸਿੰਘ ਨਾਗੀ ਸੈਕਟਰੀ ਆਦਿ ਨੇ ਸੇਵਾ ਨਿਭਾਈ।



ਬਲਾਕ ਪੱਧਰੀ ਖੇਡਾਂ 'ਚ ਮੁੱਖ ਮਹਿਮਾਨ ਵਜੋਂ ਪੁੱਜੇ ਦੇਵਰਾਜ ਸ਼ਰਮਾ ਬੱਚਿਆਂ ਨੂੰ ਇਨਾਮ ਵੰਡਦੇ ਅਤੇ ਬੱਚਿਆਂ ਨਾਲ ਗੱਲਬਾਤ ਕਰਦੇ ਹੋਏ। ਤਸਵੀਰਾਂ-ਹਰਪ੍ਰੀਤ ਸਿੰਘ ਪਰੂਥੀ

# ਬਲਾਕ ਜਲਾਲਾਬਾਦ-2 ਦੀਆਂ ਬਲਾਕ ਪੱਧਰੀ ਪ੍ਰਾਇਮਰੀ ਖੇਡਾਂ ਸ਼ਾਨੋ-ਸ਼ੌਕਤ ਨਾਲ ਸਮਾਪਤ

ਜਲਾਲਾਬਾਦ, 19 ਅਕਤੂਬਰ (ਹਰਪ੍ਰੀਤ ਸਿੰਘ ਪਰੂਥੀ)- ਬਲਾਕ ਜਲਾਲਾਬਾਦ-2 ਦੀਆਂ ਨਿੱਕੇ ਨਿਆਣਿਆਂ ਦੀਆਂ ਪ੍ਰਾਇਮਰੀ ਸਕੂਲ ਖੇਡਾਂ ਦਾ 3 ਰੋਜ਼ਾ ਟੂਰਨਾਮੈਂਟ ਅੱਜ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਿਆ ਹੈ। ਇਨ੍ਹਾਂ ਖੇਡ ਮੁਕਾਬਲਿਆਂ ਦੇ ਆਖ਼ਰੀ ਦਿਨ ਵਿਸ਼ੇਸ਼ ਤੌਰ 'ਤੇ ਪਹੁੰਚੇ ਮੁੱਖ ਮਹਿਮਾਨ ਦੇਵ ਰਾਜ ਸ਼ਰਮਾ ਚੇਅਰਮੈਨ ਮਾਰਕੀਟ ਕਮੇਟੀ ਜਲਾਲਾਬਾਦ ਅਤੇ ਨਰਿੰਦਰ ਸਿੰਘ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਲਾਲਾਬਾਦ-2 ਨੇ ਖੇਡਾਂ ਦੇ ਖੇਤਰ ਵਿਚ ਮੱਲ੍ਹਾਂ ਮਾਰਨ ਵਾਲੇ ਖਿਡਾਰੀਆਂ ਨੂੰ ਇਨਾਮ ਵੰਡ ਕੇ ਸਮਾਪਤੀ ਕਰਵਾਈ। ਖੇਡ ਕਮੇਟੀ ਵੱਲੋਂ ਸਮਾਰੋਹ 'ਚ ਆਏ ਮੁੱਖ ਮਹਿਮਾਨਾਂ ਨੂੰ 'ਜੀ ਆਇਆਂ ਆਖਿਆ' ਤੇ ਉਨ੍ਹਾਂ ਤੋਂ ਰਿਬਨ ਕਟਾ ਕੇ ਸਰਕਲ ਸਟਾਈਲ ਕਬੱਡੀ ਫਾਈਨਲ ਮੈਚ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਮੁੱਖ ਮਹਿਮਾਨ ਦੇਵ ਰਾਜ ਸ਼ਰਮਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਖੇਡਾਂ ਸਾਡੇ ਲਈ ਬਹੁਤ ਜ਼ਰੂਰੀ ਹਨ। ਜਿਵੇਂ ਕਿ ਇੱਕ ਸਿਹਤਮੰਦ ਸਰੀਰ ਵਿਚ ਤੰਦਰੁਸਤ ਦਿਮਾਗ਼ ਹੁੰਦਾ ਹੈ। ਬੀ.ਪੀ.ਈ.ਓ. ਨਰਿੰਦਰ ਸਿੰਘ, ਅਸ਼ੋਕ ਸਰਾਰੀ ਸੀ.ਐੱਚ.ਟੀ., ਦਲੀਪ ਸਿੰਘ ਸੈਣੀ, ਤਿਲਕ ਰਾਜ ਸੀ.ਐੱਚ.ਟੀ., ਰਮੇਸ਼ ਜੁਨੇਜਾ ਜੀ.ਐੱਚ.ਟੀ. ਨੇ ਸੰਬੋਧਨ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਬਹੁਤ ਜ਼ਰੂਰੀ ਹਨ। ਖੇਡਾਂ ਸਾਡੇ ਤਨ ਮਨ ਨੂੰ ਤੰਦਰੁਸਤ ਤੇ ਸਿਹਤਮੰਦ ਰੱਖਦੀਆਂ ਹਨ। ਇਸ ਮੌਕੇ ਰੈਫ਼ਰੀ ਦੀ ਜ਼ਿੰਮੇਵਾਰੀ ਸ.ਸਤਿੰਦਰਪਾਲ ਸਿੰਘ ਨੇ ਬਾਖ਼ੂਬੀ ਨਿਭਾਈ। ਹਰਭਜਨ ਲਾਲ ਨੇ ਟਾਈਮ ਕੀਪਰ ਦੀ ਭੂਮਿਕਾ ਬਹੁਤ ਵਧੀਆ ਨਿਭਾਈ। ਗੁਰਮੀਤ ਸਿੰਘ ਹੈੱਡ ਟੀਚਰ ਤੇ ਸਤਨਾਮ ਸਿੰਘ ਹੈੱਡ ਟੀਚਰ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਇਸ ਤੋਂ ਇਲਾਵਾ ਮੈਡਮ ਸੁਖਵਿੰਦਰ ਕੌਰ, ਮੁਕੇਸ਼ ਕੁਮਾਰ ਬਲਾਕ ਖੇਡ ਅਫ਼ਸਰ, ਜਤਿੰਦਰ ਸਿੰਘ ਬੀ.ਆਰ.ਸੀ., ਬਚਨ ਸਿੰਘ ਹੈੱਡ ਟੀਚਰ ਸੁਰਘੁਰੀ, ਬਲਜੀਤ ਸਿੰਘ, ਸੁਰਜੀਤ ਸਿੰਘ, ਅਸ਼ੋਕ ਸਰਾਰੀ, ਰਮਨ ਮਾਨ, ਸੁਰਜੀਤ ਪਰਮਾਰ, ਸੁਖਵਿੰਦਰ ਸਿੰਘ, ਹਰਦੀਪ ਸਿੰਘ, ਗੁਰਵਿੰਦਰ ਸਿੰਘ, ਸਤਨਾਮ ਸਿੰਘ, ਜਸਵਿੰਦਰ ਸਿੰਘ ਡਿੱਬੀਪੁਰਾ, ਜਗਦੀਸ਼ ਸਿੰਘ ਡਿੱਬੀਪੁਰਾ, ਸਾਹਿਲ ਗਾਂਧੀ, ਬਲਜਿੰਦਰ ਸਿੰਘ, ਸਾਹਿਬ ਸਿੰਘ, ਸੰਦੇਸ਼ ਕੁਮਾਰ, ਮੈਡਮ ਸ਼ਮਾ ਰਾਣੀ, ਮੈਡਮ ਰੀਨਾ ਹੈੱਡ ਟੀਚਰ, ਮੈਡਮ ਹਰਮੀਤ ਕੌਰ ਹੈੱਡ ਟੀਚਰ, ਮੈਡਮ ਸ਼ਾਜ਼ੀਆ ਮੋਂਗਾ, ਮੈਡਮ ਰਮਨਦੀਪ ਕੌਰ, ਮੈਡਮ ਸਵਰਨਾ ਰਾਣੀ, ਮੈਡਮ ਰਿਤੂ ਰਾਗਿਨੀ ਅਤੇ ਹੋਰ ਹਾਜ਼ਰ ਸਨ।



ਸੈਂਟਰ ਪੱਧਰੀ ਵੱਖ-ਵੱਖ ਮੁਕਾਬਲਿਆਂ 'ਚ ਜੇਤੂ ਰੇਡੀਐਂਟ ਪਬਲਿਕ ਸਕੂਲ ਦੇ ਵਿਦਿਆਰਥੀ। ਅਜੀਤ ਤਸਵੀਰ

# ਰੇਡੀਐਂਟ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸੈਂਟਰ ਪੱਧਰੀ ਮੁਕਾਬਲਿਆਂ 'ਚ ਮਾਰੀਆਂ ਮੱਲਾਂ

ਮੰਡੀ ਅਰਨੀਵਾਲਾ,19 ਅਕਤੂਬਰ (ਨਿਸ਼ਾਨ ਸਿੰਘ ਮੋਹਲ੍ਹਾ)- ਸੈਂਟਰ ਮਾਹੂਆਨਾ ਦੇ ਅਧੀਨ ਪੈਂਦੇ ਵੱਖ-ਵੱਖ ਸਕੂਲਾਂ ਦੇ ਅੰਡਰ-11 ਖੇਡ ਮੁਕਾਬਲੇ ਸੈਂਟਰ (ਕਲਸਟਰ) ਪੱਧਰ 'ਤੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਰੇਡੀਐਂਟ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਤਗਮੇ ਜਿੱਤੇ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਟੀਮ ਹੈਂਡਬਾਲ (ਲੜਕੇ) ਨੇ ਪਹਿਲਾ ਸਥਾਨ, ਟੀਮ ਹੈਂਡਬਾਲ (ਲੜਕੀਆਂ) ਨੇ ਪਹਿਲਾ ਸਥਾਨ, ਟੀਮ ਫੁੱਟਬਾਲ (ਲੜਕੇ) ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਵਿਅਕਤੀਗਤ ਪ੍ਰਾਪਤੀਆਂ ਕਰਾਟੇ ਖੇਡ ਵਿਚ ਅਵੀਨਵਪ੍ਰੀਤ ਨੇ ਸੋਨ ਤਗਮਾ, ਨਵਰਾਜ ਗੁਲ੍ਹਾਟੀ ਨੇ ਗੋਲਡ ਮੈਡਲ, ਤਨੁਸ਼ ਸ਼ਰਮਾ ਨੇ ਸੋਨ ਤਗਮਾ ਪ੍ਰਾਪਤ ਕੀਤਾ। ਐਥਲੈਟਿਕਸ ਮੁਕਾਬਲਿਆਂ 'ਚ ਅਵੀਨਵਪ੍ਰੀਤ ਨੇ ਲੰਬੀ ਛਾਲ ਮੁਕਾਬਲੇ ਵਿਚ ਸੋਨ ਤਗਮਾ ਅਤੇ 200 ਮੀਟਰ ਦੌੜ 'ਚ ਵੀ ਸੋਨ ਤਗਮਾ, ਏਕਮਜੋਤ ਸਿੰਘ ਨੇ 400 ਮੀਟਰ ਦੌੜ ਵਿਚ ਸੋਨ ਤਗਮਾ, ਰਹਿਮਤਪ੍ਰੀਤ ਕੌਰ ਨੇ ਚਾਂਦੀ ਦਾ ਤਗਮਾ, ਰਿਲੇਅ ਟੀਮ ਨੇ ਚਾਂਦੀ ਦਾ ਤਗਮਾ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਵਲੋਂ ਡੀ.ਪੀ.ਈ. ਹਰਦੀਪ ਬਤਰਾ, ਡੀ.ਪੀ.ਈ. ਪ੍ਰਿਅੰਕਾ ਤੇ ਅਮਨ ਕੋਚ ਦੀ ਮਿਹਨਤ ਨੂੰ ਮੁਬਾਰਕਬਾਦ ਦਿੱਤੀ ਗਈ। ਐਗਜ਼ੈਕਟਿਵ ਡਾਇਰੈਕਟਰ ਡਾ. ਪੰਕਜ ਧਮੀਜਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਰੇਡੀਐਂਟ ਸਕੂਲ ਦੇ ਬੱਚੇ ਹਰ ਖੇਤਰ 'ਚ ਆਪਣਾ ਲੋਹਾ ਮਨਵਾ ਰਹੇ ਹਨ। ਇਹ ਉਨ੍ਹਾਂ ਦੀ ਮਿਹਨਤ, ਅਧਿਆਪਕਾਂ ਦੇ ਮਾਰਗਦਰਸ਼ਨ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਪ੍ਰਿੰਸੀਪਲ ਸ਼੍ਰੀਮਤੀ ਨੀਤੀ ਸਿੰਘ ਨੇ ਕਿਹਾ ਕਿ ਸਕੂਲ ਸਿਰਫ਼ ਪੜ੍ਹਾਈ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਹਰ ਵਿਦਿਆਰਥੀ ਦੇ ਸਮੂਹਿਕ ਵਿਕਾਸ ਤੇ ਧਿਆਨ ਦਿੰਦਾ ਹੈ। ਵਿਦਿਆਰਥੀਆਂ ਦੀ ਇਹ ਪ੍ਰਾਪਤੀ ਸਾਰੇ ਰੇਡੀਐਂਟ ਪਰਿਵਾਰ ਲਈ ਗਰਵ ਦਾ ਵਿਸ਼ਾ ਹੈ। ਅਕਾਦਮਿਕ ਮੁਖੀ ਡਾ. ਗੁਰਵੀਨ ਕੌਰ ਨੇ ਵੀ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਅਸੀਂ ਭਵਿੱਖ ਵਿਚ ਹੋਰ ਉਚਾਈਆਂ ਛੂਹਣ ਦੀ ਆਸ ਰੱਖਦੇ ਹਾਂ।

# ਸਦਰ ਪੁਲਿਸ ਵਲੋਂ 4 ਖ਼ਿਲਾਫ਼ ਮਾਮਲਾ ਦਰਜ

ਫ਼ਿਰੋਜ਼ਪੁਰ, 19 ਅਕਤੂਬਰ (ਰਾਕੇਸ਼ ਚਾਵਲਾ)-ਥਾਣਾ ਸਦਰ ਪੁਲਿਸ ਨੇ 200 ਲੀਟਰ ਸ਼ਰਾਬ ਦਾ ਜ਼ਖ਼ੀਰਾ ਬਰਾਮਦ ਕਰਕੇ 4 ਵਿਅਕਤੀਆਂ ਖ਼ਿਲਾਫ਼ ਐਕਸਾਈਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਦੌਰਾਨੇ ਗਸ਼ਤ ਰਾਜਬੀਰ ਸਿੰਘ ਐਕਸਾਈਜ਼ ਇੰਸਪੈਕਟਰ ਨਾਲ ਜਾ ਰਹੇ ਸਨ ਕਿ ਖ਼ਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਸੁਖਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ, ਸੁਖਪ੍ਰੀਤ ਸਿੰਘ ਉਰਫ਼ ਸੁੱਖਾ ਪੁੱਤਰ ਦੀਵਾਨ ਸਿੰਘ, ਅਮਰੀਕ ਸਿੰਘ ਪੁੱਤਰ ਗੁਰਮੇਜ ਸਿੰਘ, ਆਤਮਾ ਸਿੰਘ ਉਰਫ਼ ਆਤੂ ਵਾਸੀਆਨ ਝੁੱਗੇ ਨਿਹੰਗਾਂ ਵਾਲੇ ਅਲਕੋਹਲ ਤੋਂ ਸ਼ਰਾਬ ਤਿਆਰ ਕਰਕੇ ਅੱਗੇ ਵੇਚਦੇ ਹਨ। ਇਸ ਵਕਤ ਸਾਹਮਣੇ ਬਾਬੇ ਦੀ ਭੂਰੀ ਪੀਰ ਦੀ ਜਗ੍ਹਾ ਝੁੱਗੇ ਨਿਹੰਗਾਂ ਸਿੰਘ ਵਾਲੇ ਵਿਖੇ ਸ਼ਰਾਬ ਤਿਆਰ ਕਰਕੇ ਵੇਚ ਰਹੇ ਹਨ। ਪੁਲਿਸ ਨੇ ਛਾਪੇਮਾਰੀ ਕੀਤੀ ਤਾਂ ਉਕਤ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਏ ਤੇ 200 ਲੀਟਰ ਸ਼ਰਾਬ ਬਰਾਮਦ ਹੋਇਆ। ਪੁਲਿਸ ਵਲੋਂ ਮਾਮਲਾ ਦਰਜ ਕਰਕੇ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਨਸ਼ੇ ਦਾ ਸੇਵਨ ਕਰ ਰਹੇ ਵਿਅਕਤੀ ਨੂੰ ਕੀਤਾ ਗ੍ਰਿਫਤਾਰ, ਮਾਮਲਾ ਦਰਜ

ਫਿਰੋਜ਼ਪੁਰ, 19 ਅਕਤੂਬਰ (ਸੁਖਵਿੰਦਰ ਸਿੰਘ)- ਫਿਰੋਜ਼ਪੁਰ ਪੁਲਿਸ ਨੇ ਹੈਰੋਇਨ ਪੀਣ ਵਾਲੇ ਵਿਅਕਤੀ ਨੂੰ ਕਾਬੂ ਕਰਕੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕੀਤਾ। ਸਿਟੀ ਥਾਣਾ ਦੇ ਮੁੱਖ ਅਫਸਰ ਇੰਸਪੈਕਟਰ ਜਤਿੰਦਰ ਸਿੰਘ ਨੇ ਕਿਹਾ ਕਿ ਦੌਰਾਨੇ ਗਸ਼ਤ ਪੁਲਿਸ ਪਾਰਟੀ ਸਮੇਤ ਲਵ ਪੁੱਤਰ ਬਾਊ ਲਾਲ ਵਾਸੀ ਪੁਰਾਣੀ ਸਬਜ਼ੀ ਮੰਡੀ ਬਗ਼ਦਾਦੀ ਗੇਟ ਫਿਰੋਜ਼ਪੁਰ ਸ਼ਹਿਰ ਨੂੰ ਕਾਬੂ ਕੀਤਾ ਜੋ ਧੀਮੀ ਜਿਹੀ ਅੱਗ ਬਾਲ ਕੇ ਸਿਲਵਰ ਵਰਕ ਉਪਰ ਕੋਈ ਨਸ਼ੀਲੀ ਵਸਤੂ ਪਾ ਕੇ ਉਸ ਦੇ ਥੱਲੇ ਲਾਈਟਰ ਨਾਲ ਅੱਗ ਜਲਾ ਕੇ ਸਿਲਵਰ ਵਰਕ ਉਪਰ ਪੈਦਾ ਹੋਣ ਵਾਲਾ ਧੂੰਆਂ ਨੱਕ ਰਾਹੀਂ ਆਪਣੇ ਅੰਦਰ ਖਿੱਚ ਰਿਹਾ ਸੀ ਜਿਸ ਨੂੰ ਮੌਕੇ 'ਤੇ ਲਾਈਟ ਤੇ ਸਿਲਵਰ ਪੇਪਰ ਸਮੇਤ ਕਾਬੂ ਕਰਕੇ ਸਿਟੀ ਥਾਣਾ ਫਿਰੋਜ਼ਪੁਰ ਵਿਚ ਮੁਕੱਦਮਾ ਦਰਜ ਕੀਤਾ।

# ਨਕਦੀ ਸਮੇਤ 7 ਜੁਆਰੀ ਕਾਬੂ

ਫ਼ਾਜ਼ਿਲਕਾ, 19 ਅਕਤੂਬਰ (ਦਵਿੰਦਰ ਪਾਲ ਸਿੰਘ)- ਥਾਣਾ ਸਿਟੀ ਪੁਲਿਸ ਨੇ ਨਗਦੀ ਸਮੇਤ 7 ਜੁਆਰੀਆਂ ਨੂੰ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਜਸਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਮੁਖ਼ਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਸੰਦੀਪ ਕੁਮਾਰ ਪੁੱਤਰ ਹੰਸ ਰਾਜ ਵਾਸੀ ਮਲਕਾਣਾ ਮੁਹੱਲਾ ਫ਼ਾਜ਼ਿਲਕਾ ਜੋ ਵਾਰ-ਵਾਰ ਜੁਰਮ ਕਰਨ ਦਾ ਆਦਿ ਹੈ ਜਿਸ 'ਤੇ ਪਹਿਲਾ ਵੀ ਮੁਕੱਦਮੇ ਦਰਜ ਹਨ ਜੋ ਆਪ ਖ਼ੁਦ ਜੁਆ ਖੇਡਦਾ ਹੈ ਤੇ ਹੋਰ ਲੋਕਾਂ ਵੀ ਆਪਣੀ ਸ਼ਹਿ 'ਤੇ ਸ਼ਰੇਆਮ ਤੇ ਲੁਕਵਾਂ ਹੋਰਾਂ ਲੋਕਾਂ ਨੂੰ ਜੂਆ ਖਿਡਾਉਂਦਾ ਹੈ ਜਿਸ ਨੇ ਅੱਜ ਵੀ ਸੰਦੀਪ ਕੁਮਾਰ ਪੁੱਤਰ ਹੰਸ ਰਾਜ, ਰਾਜਨ ਕੁਮਾਰ ਪੁੱਤਰ ਅਸ਼ਵਨੀ ਕੁਮਾਰ, ਸਾਜਨ ਕੁਮਾਰ ਪੁੱਤਰ ਅਸ਼ਵਨੀ ਕਟਾਰੀਆ, ਗੌਰਵ ਕੁਮਾਰ ਪੁੱਤਰ ਸਤੀਸ਼ ਕੁਮਾਰ, ਸੋਨੂੰ ਪੁੱਤਰ ਸੁਭਾਸ਼ ਵਾਸੀਆਨ ਮਲਕਾਣਾ ਮੁਹੱਲਾ ਫ਼ਾਜ਼ਿਲਕਾ, ਕਾਰਤਿਕ ਕੁਮਾਰ ਪੁੱਤਰ ਮੁਨੀਸ਼ ਕੁਮਾਰ, ਪ੍ਰਵੀਨ ਕੁਮਾਰ ਪੁੱਤਰ ਕੁੰਦਨ ਲਾਲ ਵਾਸੀ ਧੋਬੀ ਘਾਟ ਫ਼ਾਜ਼ਿਲਕਾ ਨੂੰ ਸ਼ਹਿ ਦੇ ਕੇ ਅੱਜ ਵੀ ਹੋਟਲ ਗੁਲਸ਼ਨ ਫ਼ਾਜ਼ਿਲਕਾ ਵਿਚ ਜੂਆ ਖਿਡਾ ਰਿਹਾ ਹੈ ਜਿਸ 'ਤੇ ਉਨ੍ਹਾਂ ਨੇ ਸਾਥੀ ਕਰਮਚਾਰੀਆਂ ਸਮੇਤ ਛਾਪੇਮਾਰੀ ਕਰਕੇ ਉਸ ਨੂੰ 14200 ਰੁਪਏ ਨਗਦੀ ਸਮੇਤ ਕਾਬੂ ਕਰ ਲਿਆ ਜਿਸ ਤੋਂ ਬਾਅਦ ਪੁਲਿਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।



ਦੀਵਾਲੀ ਮੌਕੇ ਰੰਗੋਲੀ ਨਾਲ ਜਮਾਤ ਨੂੰ ਸਜਾਉਂਦੇ ਬੱਚਿਆਂ ਨੂੰ ਉਤਸ਼ਾਹਿਤ ਕਰਦੇ ਹੋਏ ਪ੍ਰਿੰਸੀਪਲ ਕਿਰਨ ਅਰੋੜਾ ਤੇ ਸ਼ਾਮ ਲਾਲ ਅਰੋੜਾ। ਤਸਵੀਰ : ਤੇਜਿੰਦਰ ਸਿੰਘ ਖ਼ਾਲਸਾ

# ਨਵਯੁਗ ਸਕੂਲ 'ਚ ਜਮਾਤ ਸਜਾਉਣ ਦੇ ਮੁਕਾਬਲੇ ਕਰਵਾਏ

ਅਬੋਹਰ, 19 ਅਕਤੂਬਰ (ਤੇਜਿੰਦਰ ਸਿੰਘ ਖ਼ਾਲਸਾ)- ਸਥਾਨਕ ਨਵਯੁਗ ਸੀਨੀਅਰ ਸੈਕੰਡਰੀ ਸਕੂਲ ਵਿਚ ਦੀਵਾਲੀ ਦਾ ਤਿਉਹਾਰ ਬੱਚਿਆਂ ਦੇ ਨਾਲ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਬੱਚਿਆਂ ਦੇ ਵਿਚ ਜਮਾਤ ਸਜਾਉਣ ਦੀ ਗਤੀਵਿਧੀ ਕਰਵਾਈ ਗਈ ਜਿਸ ਵਿਚ ਸਾਰੇ ਸਕੂਲ ਦੇ ਬੱਚਿਆਂ ਨੇ ਪੂਰੇ ਉਤਸ਼ਾਹ ਦੇ ਨਾਲ ਭਾਗ ਲਿਆ। ਇਸ ਦੇ ਇਲਾਵਾ ਬੱਚਿਆਂ ਵਲੋਂ ਸ਼ਾਨਦਾਰ ਰੰਗੋਲੀ ਵੀ ਬਣਾਈ ਗਈ। ਇਸ ਮੌਕੇ ਪ੍ਰਿੰਸੀਪਲ ਕਿਰਨ ਅਰੋੜਾ ਤੇ ਮੈਨੇਜਰ ਸ਼ਾਮ ਲਾਲ ਅਰੋੜਾ ਨੇ ਹਾਜ਼ਰ ਸਟਾਫ਼ ਮੈਂਬਰਾਂ ਅਤੇ ਬੱਚਿਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਸ਼ਾਮ ਲਾਲ ਅਰੋੜਾ ਨੇ ਦੀਵਾਲੀ ਦੇ ਇਤਿਹਾਸ ਬਾਰੇ ਦੱਸਿਆ।

# ਸਕੂਲ 'ਚੋਂ ਸਾਮਾਨ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਜਲਾਲਾਬਾਦ, 19 ਅਕਤੂਬਰ (ਕਰਨ ਚੁਚਰਾ)-ਥਾਣਾ ਵੈਰੋਕੇ ਪੁਲਿਸ ਨੇ ਸਕੂਲ ਵਿਚੋਂ ਸਾਮਾਨ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਲਖਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਰਤਨ ਲਾਲ ਸਕੂਲ ਇੰਚਾਰਜ ਪਿੰਡ ਰੱਤਾ ਖੇੜਾ ਪੁੱਤਰ ਨੱਥੂ ਰਾਮ ਵਾਸੀ ਬਜੀਦਪੁਰ ਕੱਟਿਆ ਵਾਲਾ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ 15 ਅਕਤੂਬਰ ਨੂੰ ਸਮਾਂ ਕਰੀਬ 8.30 ਵਜੇ ਸਕੂਲ ਆ ਕੇ ਦੇਖਿਆ ਕਿ ਸਕੂਲ ਦੇ 4 ਕਮਰਿਆਂ ਦੇ ਤਾਲੇ ਟੁੱਟੇ ਪਏ ਸਨ। ਇਕ ਕਮਰੇ ਵਿਚੋਂ 1 ਐਲ.ਈ.ਡੀ. 43 ਇੰਚ ਤੇ ਦੂਜੇ ਕਮਰੇ ਵਿਚੋਂ 1 ਐਲ.ਈ.ਡੀ. 32 ਇੰਚ ਮਿਡ ਡੇ ਮੀਲ ਦਾ ਰਾਸ਼ਨ ਕਰਿਆਨੇ ਦਾ ਸਾਮਾਨ, ਇਕ ਫ਼ਰਿਜ ਤੇ ਅਲਮਾਰੀ ਦੀ ਭੰਨਤੋੜ ਕੀਤੀ ਗਈ ਪਾਈ, ਜੋ ਉਕਤ ਸਾਰਾ ਸਮਾਨ ਅਣਪਛਾਤੇ ਵਿਅਕਤੀਆਂ ਵਲੋਂ ਚੋਰੀ ਕਰਨ ਦੀ ਨੀਅਤ ਨਾਲ ਸਾਰਾ ਸਾਮਾਨ ਮਿਤੀ 14 ਅਕਤੂਬਰ ਦੀ ਦਰਮਿਆਨੀ ਰਾਤ ਨੂੰ ਚੋਰੀ ਕਰਕੇ ਲੈ ਗਏ। ਪੁਲਿਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਵੱਖ-ਵੱਖ ਧਰਾਵਾਂ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।



ਬੀ.ਐੱਸ.ਐੱਫ. ਅਧਿਕਾਰੀ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਦੇ ਹੋਏ ਸ਼ਾਂਤਨੂੰ ਭਾਈ ਤੇ ਹੋਰ। ਅਜੀਤ ਤਸਵੀਰ

# ਭਾਰਤ-ਪਾਕਿ ਸਰਹੱਦ 'ਤੇ ਬੀ. ਐੱਸ. ਐੱਫ. ਨਾਲ ਮਨਾਈ ਦੀਵਾਲੀ

ਫ਼ਾਜ਼ਿਲਕਾ, 19 ਅਕਤੂਬਰ (ਦਵਿੰਦਰ ਪਾਲ ਸਿੰਘ)- ਮਾਊਂਟ ਆਬੂ ਤੋਂ ਪ੍ਰਜਾਪਿਤਾ ਬ੍ਰਹਮਾਕੁਮਾਰੀ ਈਸ਼ਵਰੀ ਯੂਨੀਵਰਸਿਟੀ ਦੇ ਮੀਡੀਆ ਇੰਚਾਰਜ ਦੇ ਰਾਸ਼ਟਰੀ ਕਨਵੀਨਰ ਬੀ.ਕੇ. ਸ਼ਾਂਤਨੂੰ ਭਾਈ ਤੇ ਉਨ੍ਹਾਂ ਦੀ ਟੀਮ ਨੇ ਫ਼ਾਜ਼ਿਲਕਾ ਭਾਰਤ-ਪਾਕਿ ਸਰਹੱਦ 'ਤੇ ਸਥਿਤ ਅੰਤਰਰਾਸ਼ਟਰੀ ਸਾਦਕੀ ਬਾਰਡਰ 'ਤੇ ਬੀ.ਐੱਸ.ਐੱਫ. ਦੇ ਜਵਾਨਾਂ ਨਾਲ ਦੀਵਾਲੀ ਦਾ ਤਿਉਹਾਰ ਮਨਾਇਆ। ਜਾਣਕਾਰੀ ਦਿੰਦਿਆਂ ਬਾਰਡਰ ਏਰੀਆ ਵਿਕਾਸ ਫ਼ਰੰਟ ਦੇ ਪ੍ਰਧਾਨ ਲੀਲਾਧਰ ਸ਼ਰਮਾ ਨੇ ਦੱਸਿਆ ਕਿ ਹਰ ਸਾਲ ਵਾਂਗ ਇਸ ਵਾਰ ਵੀ ਰਾਜਸਥਾਨ ਦੇ ਪ੍ਰਸਿੱਧ ਤੀਰਥ ਸਥਾਨ ਮਾਊਂਟ ਆਬੂ ਤੋਂ ਆ ਕੇ ਬੀ.ਐੱਸ.ਐੱਫ. ਨਾਲ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਸ਼ਾਂਤਨੂੰ ਭਾਈ, ਬੀ.ਕੇ. ਮਾਨਿਕ, ਰਾਜ ਰਾਣੀ ਤੇ ਉਨ੍ਹਾਂ ਦੇ ਨਾਲ ਸਮਾਜ ਸੇਵਕ ਅਤੇ ਪੱਤਰਕਾਰ ਰਾਜ ਸੰਦੋਸ਼, ਲੀਲਾਧਰ ਸ਼ਰਮਾ, ਸੇਵਾ ਮੁਕਤ ਵਣ ਅਧਿਕਾਰੀ ਸੁਭਾਸ਼ ਚੰਦਰ, ਸੇਵਾ-ਮੁਕਤ ਤਹਿਸੀਲਦਾਰ ਮਹਿੰਦਰ ਤ੍ਰਿਪਾਠੀ ਨੇ ਮਿਲ ਕੇ ਬੀ.ਐੱਸ.ਐੱਫ. ਦੇ ਕੰਪਨੀ ਕਮਾਂਡਰ ਵਿਸ਼ਰਾਮ ਮੀਨਾ ਤੇ ਜਵਾਨਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਦੀਵਾਲੀ ਦੀ ਵਧਾਈ ਦਿੱਤੀ।



ਅਬੋਹਰ ਵਿਖੇ ਮਾਰਕੀਟ ਕਮੇਟੀ ਦੇ ਚੇਅਰਮੈਨ ਉਪਕਾਰ ਸਿੰਘ ਜਾਖੜ ਜਾਣਕਾਰੀ ਦਿੰਦੇ ਹੋਏ। ਤਸਵੀਰ-ਸੁਖਜੀਤ ਸਿੰਘ ਬਰਾੜ

# ਮਾਰਕੀਟ ਕਮੇਟੀ ਅਬੋਹਰ ਅਧੀਨ ਆਉਂਦੀਆਂ 91 ਕਿੱਲੋਮੀਟਰ ਪੇਂਡੂ ਸੜਕਾਂ ਦੇ ਨਵੀਨੀਕਰਨ ਦਾ ਕੰਮ ਜ਼ੋਰਾਂ 'ਤੇ -ਚੇਅਰਮੈਨ ਉਪਕਾਰ ਸਿੰਘ

ਅਬੋਹਰ, 19 ਅਕਤੂਬਰ (ਸੁਖਜੀਤ ਸਿੰਘ ਬਰਾੜ)- ਮਾਰਕੀਟ ਕਮੇਟੀ ਅਬੋਹਰ ਅਧੀਨ ਆਉਂਦੀਆਂ 91 ਕਿੱਲੋਮੀਟਰ ਪੇਂਡੂ ਸੜਕਾਂ ਦੇ ਨਵੀਨੀਕਰਨ ਦਾ ਕੰਮ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਮਾਰਕੀਟ ਕਮੇਟੀ ਅਬੋਹਰ ਦੇ ਚੇਅਰਮੈਨ ਉਪਕਾਰ ਸਿੰਘ ਜਾਖੜ ਨੇ ਕਿਹਾ ਕਿ ਇਹ ਕੰਮ ਆਉਂਦੇ ਦੋ ਮਹੀਨਿਆਂ 'ਚ ਮੁਕੰਮਲ ਕਰ ਲਿਆ ਜਾਵੇਗਾ। ਇਸ ਤੋਂ ਇਲਾਵਾ ਮਾਰਕੀਟ ਕਮੇਟੀ ਅਬੋਹਰ ਅਧੀਨ ਆਉਂਦੀਆਂ 12 ਪੇਂਡੂ ਅਨਾਜ ਮੰਡੀਆਂ 'ਚ ਕਰੀਬ 33 ਲੱਖ ਰੁਪਏ ਦੀ ਲਾਗਤ ਨਾਲ 12 ਸ਼ੈੱਡ ਬਣਾਏ ਜਾਣਗੇ। 14 ਮੰਡੀਆਂ 'ਚ 35 ਫੁੱਟ ਲੰਬੇ, 35 ਫੁੱਟ ਚੌੜੇ ਸ਼ੈੱਡ ਬਣਾਏ ਜਾਣਗੇ ਤਾਂ ਕਿ ਅਨਾਜ ਮੰਡੀਆਂ 'ਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਾ ਆਵੇ। ਉਨ੍ਹਾਂ ਕਿਹਾ ਕਿ ਅਬੋਹਰ ਦੀ ਅਨਾਜ ਮੰਡੀ 'ਚ ਝੋਨੇ ਦੀ ਵਿੱਕਰੀ ਜ਼ੋਰਾਂ 'ਤੇ ਚੱਲ ਰਹੀ ਹੈ। ਅਸੀਂ ਚਾਹੁੰਦੇ ਹਾਂ ਕਿ ਕਿਸਾਨਾਂ ਨੂੰ ਫ਼ਸਲਾਂ ਵੇਚਣ 'ਚ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਾ ਆਵੇ। ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਫ਼ਸਲ ਵੇਚਣ 'ਚ ਸਮੱਸਿਆ ਆਉਂਦੀ ਹੈ ਤਾਂ ਉਹ ਸਿੱਧਾ ਆ ਕੇ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ।



ਮਰੀਜ਼ਾਂ ਦਾ ਚੈੱਕਅਪ ਕਰਦੇ ਡਾ. ਰਾਜੀਵ ਮਿੱਢਾ। ਅਜੀਤ ਤਸਵੀਰ

# ਮੈਡੀਕਲ ਚੈੱਕਅਪ ਕੈਂਪ 'ਚ 69 ਮਰੀਜ਼ਾਂ ਦੀ ਜਾਂਚ

ਜਲਾਲਾਬਾਦ, 19 ਅਕਤੂਬਰ(ਕਰਨ ਚੁਚਰਾ)- ਗਾਂਧੀ ਨਗਰ ਵਿਖੇ ਪਰਸਵਾਰਥ ਸਭਾ ਵਲੋਂ ਚੱਲ ਰਹੀ ਡਿਸਪੈਂਸਰੀ 'ਚ ਮੈਡੀਕਲ ਚੈੱਕਅਪ ਕੈਂਪ ਦੌਰਾਨ ਡਾ. ਰਾਜੀਵ ਮਿੱਢਾ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ ਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਸਭਾ ਦੇ ਅਹੁਦੇਦਾਰ ਸੁਰੇਸ਼ ਚੌਹਾਨ ਨੇ ਦੱਸਿਆ ਕਿ ਅੱਜ 69 ਮਰੀਜ਼ਾਂ ਦਾ ਚੈੱਕਅਪ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਉਨ੍ਹਾਂ ਨੇ ਕਿਹਾ ਕਿ ਇਹ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਹਰ ਬੁੱਧਵਾਰ ਤੇ ਐਤਵਾਰ ਲਗਾਇਆ ਜਾਂਦਾ ਹੈ ਜਿਸ ਦਾ ਫ਼ਾਇਦਾ ਹਜ਼ਾਰਾਂ ਦੀ ਗਿਣਤੀ 'ਚ ਮਰੀਜ਼ ਉਠਾ ਚੁੱਕੇ ਹਨ ਤੇ ਉਠਾ ਰਹੇ ਹਨ, ਉਨ੍ਹਾਂ ਕਿਹਾ ਕਿ ਲੋੜਵੰਦ ਪਰਿਵਾਰਾਂ ਦੇ ਲੋਕ ਹਫ਼ਤੇ 'ਚ 2 ਵਾਰ ਮਾਹਿਰ ਡਾਕਟਰਾਂ ਵਲੋਂ ਮੁਫ਼ਤ ਚੈੱਕਅਪ ਦਾ ਫ਼ਾਇਦਾ ਉਠਾ ਸਕਦੇ ਹਨ। ਇਸ ਮੌਕੇ ਪਰਸਵਾਰਥ ਸਭਾ ਦੇ ਸਰਪ੍ਰਸਤ ਅਨਿਲ ਦੀਪ ਨਾਗਪਾਲ, ਇੰਦਰਜੀਤ ਸਿੰਘ ਬੱਬਰ,ਪ੍ਰਧਾਨ ਵਿਜੇ ਬਾਘਲਾ, ਮੀਤ ਪ੍ਰਧਾਨ ਗੁਰਚਰਨ ਕਮੀਰਿਆ, ਖ਼ਜ਼ਾਨਚੀ ਸੁਰੇਸ਼ ਚੌਹਾਨ, ਮੈਡਮ ਰਮਨ, ਰੌਬਿਨ ਵਾਟਸ, ਰਾਮੇਸ਼ ਰਾਠੀ ਤੇ ਮਾਨਿਕ ਚੌਹਾਨ ਆਦਿ ਹਾਜ਼ਰ ਸਨ।



ਫ਼ਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਸ੍ਰੀ ਅਰੋੜਵੰਸ਼ ਪਾਰਕ ਦੇ ਹਾਲ ਦਾ ਨੀਂਹ ਪੱਥਰ ਰੱਖਦੇ ਹੋਏ। ਅਜੀਤ ਤਸਵੀਰ

# ਵਿਧਾਇਕ ਸਵਨਾ ਨੇ 25 ਲੱਖ ਦੀ ਲਾਗਤ ਨਾਲ ਅਰੋੜਵੰਸ਼ ਪਾਰਕ ਦੇ ਹਾਲ ਦਾ ਨੀਂਹ ਪੱਥਰ ਰੱਖਿਆ

ਫ਼ਾਜ਼ਿਲਕਾ, 19 ਅਕਤੂਬਰ (ਦਵਿੰਦਰ ਪਾਲ ਸਿੰਘ)-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਫ਼ਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ 25 ਲੱਖ ਦੀ ਲਾਗਤ ਨਾਲ ਸ੍ਰੀ ਅਰੋੜਵੰਸ਼ ਪਾਰਕ 'ਚ ਉਸਾਰੀ ਦਾ ਕੰਮ ਸ਼ੁਰੂ ਹੋਣ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਐਡਵੋਕੇਟ ਸੁਰਿੰਦਰ ਕੁਮਾਰ ਸਚਦੇਵਾ ਪ੍ਰਧਾਨ ਨਗਰ ਕੌਂਸਲ ਫ਼ਾਜ਼ਿਲਕਾ, ਪ੍ਰਧਾਨ ਸ੍ਰੀ ਅਰੋੜਵੰਸ਼ ਵੈੱਲਫੇਅਰ ਸੁਸਾਇਟੀ ਇੰਜੀ. ਬਾਬੂ ਲਾਲ ਅਰੋੜਾ ਤੇ ਚੇਅਰਮੈਨ ਐਡਵੋਕੇਟ ਰਿਤੇਸ਼ ਗਗਨੇਜਾ ਮੌਜੂਦ ਸਨ। ਇਸ ਮੌਕੇ ਬੋਲਦਿਆਂ ਵਿਧਾਇਕ ਫ਼ਾਜ਼ਿਲਕਾ ਨੇ ਦੱਸਿਆ ਕਿ ਸ੍ਰੀ ਅਰੋੜਵੰਸ਼ ਪਾਰਕ ਵਿਚ 25 ਲੱਖ ਦੀ ਲਾਗਤ ਨਾਲ ਹਾਲ ਬਣਾਇਆ ਜਾਣਾ ਹੈ। ਉਨ੍ਹਾਂ ਕਿਹਾ ਕਿ ਇਸ ਹਾਲ ਦੇ ਬਣਨ ਨਾਲ ਇਹ ਅਰੋੜਵੰਸ਼ ਸਭਾ ਆਪਣੀਆਂ ਮੀਟਿੰਗਾਂ ਵੀ ਕਰ ਸਕਦੇ ਹਨ। ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਹਲਕੇ ਵਿਚ ਲਗਾਤਾਰ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਤੇ ਸਾਰੇ ਵਿਕਾਸ ਕਾਰਜ ਪਾਰਟੀਬਾਜ਼ੀ ਤੇ ਜਾਤੀਵਾਦ ਤੋਂ ਉੱਪਰ ਉੱਠ ਕੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਸਾਫ਼ ਸਫ਼ਾਈ ਤੋਂ ਇਲਾਵਾ ਖੇਡ ਸਟੇਡੀਅਮ, ਪਾਰਕ, ਗਲੀਆਂ, ਨਾਲੀਆਂ ਤੇ ਸੜਕਾਂ ਪੱਕੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਪਿੰਡਾਂ ਨੂੰ ਵੀ ਸ਼ਹਿਰਾਂ ਵਰਗੀ ਦਿੱਖ ਮਿਲ ਸਕੇ। ਇਸ ਮੌਕੇ ਅਮਨ ਦੁਰੇਜਾ ਐਮ ਸੀ, ਸ਼ਿਵ ਜਜੋਰਿਆ ਬਲਾਕ ਪ੍ਰਧਾਨ, ਬੰਸੀ ਸਾਮਾਂ, ਲਵੀਸ਼ ਚਾਵਲਾ ਪ੍ਰਧਾਨ ਟਰੇਡ ਵਿੰਗ ਰਾਜਨ ਸੇਤੀਆ, ਬਿੱਟੂ ਸੇਤੀਆ ਵੀ ਮੌਜੂਦ ਸਨ।



ਅਬੋਹਰ ਦੇ ਬ੍ਰਹਮ ਰਿਸ਼ੀ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਮੌਕੇ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ। ਤਸਵੀਰ- ਸੁਖਜੀਤ ਸਿੰਘ ਬਰਾੜ

# ਬ੍ਰਹਮ ਰਿਸ਼ੀ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਅਬੋਹਰ, 19 ਅਕਤੂਬਰ (ਸੁਖਜੀਤ ਸਿੰਘ ਬਰਾੜ)-ਸਥਾਨਕ ਬ੍ਰਹਮ ਰਿਸੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਵਲੋਂ ਦੀਵਾਲੀ ਦੇ ਤਿਉਹਾਰ ਸੰਬੰਧੀ ਵੱਖ-ਵੱਖ ਸਜਾਵਟੀ ਮਾਡਲ ਤਿਆਰ ਕੀਤੇ ਗਏ। ਇਸ ਦੌਰਾਨ ਵਿਦਿਆਰਥੀਆਂ ਵਿਚਕਾਰ ਰੰਗੋਲੀ ਮੁਕਾਬਲੇ ਵੀ ਕਰਵਾਏ ਗਏ। ਅੰਤ ਵਿਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਦੀਦੀ ਬ੍ਰਹਮਲਤਾ ਨੇ ਸਭਨਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਇਹ ਤਿਉਹਾਰ ਸਭਨਾਂ ਲਈ ਨਵੀਆਂ ਖ਼ੁਸ਼ੀਆਂ ਰੌਣਕਾਂ ਲੈ ਕੇ ਆਵੇ। ਇਸ ਮੌਕੇ ਪ੍ਰਿੰਸੀਪਲ ਸਵਾਮੀ ਸ੍ਰੇਆ ਭਾਰਤੀ ਸਕੂਲ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।